# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 14 ਜੁਲਾਈ 2024 ਦਿਨ ਐਤਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਸਾਰਾਗੜ੍ਹੀ ਫਾਉਂਡੇਸ਼ਨ ਦੇ ਪ੍ਰਧਾਨ ਡਾ. ਗੁਰਿੰਦਰਪਾਲ ਸਿੰਘ ਜੋਸਨ ਗੁਰਦੁਆਰਾ ਦੁੱਖ ਨਿਵਾਰਨ ਵਿਖੇ ਨਤਮਸਤਕ ਹੋਏ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 14 ਜੁਲਾਈ : ਸਾਰਾਗੜ੍ਹੀ ਫਾਉਂਡੇਸ਼ਨ ਦੇ ਪ੍ਰਧਾਨ ਡਾ. ਗੁਰਿੰਦਰਪਾਲ ਸਿੰਘ ਜੋਸਨ ਬੀਤੇ ਦਿਨ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਸਰੀ ਵਿਖੇ ਨਤਮਸਤਕ ਹੋਏ ਪਹੁੰਚੇ ਅਤੇ ਉਨ੍ਹਾਂ ਗੁਰਦੁਆਰਾ ਸਾਹਿਬ ਵਿਚ ਸਥਾਪਿਤ ਕੀਤੀ ਗਈ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਗੈਲਰੀ ਦੇ ਦਰਸ਼ਨ ਕੀਤੇ। ਗਿਆਨੀ ਨਰਿੰਦਰਪਾਲ ਸਿੰਘ ਵਾਲੀਆ, ਜਤਿੰਦਰ ਜੇ ਮਿਨਹਾਸ ਅਤੇ ਸਮੂਹ ਮੈਂਬਰਾਂ ਨੇ ਉਨ੍ਹਾਂ ਦਾ ਸਵਾਗਤ ਕੀਤਾ।



ਡਾ. ਗੁਰਿੰਦਰਪਾਲ ਸਿੰਘ ਜੋਸਨ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਹੀਦਾਂ ਦੀ ਗੈਲਰੀ ਬਣਾਉਣ ਅਤੇ ਗੁਰੂ ਨਾਨਕ ਫੂਡ ਬੈਂਕ ਰਾਹੀਂ ਕੀਤੇ ਜਾ ਰਹੇ ਨਿਸ਼ਕਾਮ ਸੇਵਾ ਕਾਰਜ ਦੀ ਸ਼ਲਾਘਾ ਕਰਦਿਆਂ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਜਤਿੰਦਰ ਜੇ ਮਿਨਹਾਸ ਨੇ ਉਨ੍ਹਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਡਾ. ਜੋਸਨ ਵੱਲੋਂ ਚਲਾਈ ਜਾ ਰਹੀ ਫਾਉਂਡੇਸ਼ਨ ਵੱਲੋਂ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਦੀ ਸੋਚ ਅਤੇ ਮਿਹਨਤ ਸਦਕਾ ਆਉਣ ਵਾਲੇ ਸਮੇਂ ਵਿਚ ਜਲੰਧਰ ਜ਼ਿਲੇ ਦੇ ਪਿੰਡ ਡਮੁੰਡਾ ਵਿਖੇ ਸਾਰਾਗੜ੍ਹੀ ਸ਼ਹੀਦਾਂ ਦਾ ਸਮਾਰਕ ਵੀ ਜਲਦ ਹੀ ਤਿਆਰ ਹੋ ਜਾਵੇਗਾ।

ਇਸ ਮੌਕੇ ਗਿਆਨੀ ਨਰਿੰਦਰਪਾਲ ਸਿੰਘ ਨੇ ਡਾ. ਜੋਸਨ ਦਾ ਸਵਾਗਤ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਵਿੱਚ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਨੂੰ ਸਾਂਭਣ ਲਈ ਵਿਸ਼ਵ ਪੱਧਰ ‘ਤੇ ਸੇਵਾਵਾਂ ਨਿਭਾਉਣ ਦੇ ਨਾਲ ਨਾਲ ਡਾ. ਜੋਸਨ ਵੱਲੋਂ ਗੁਰੂ ਨਾਨਕ ਦੇਵ ਜੀ ਦਾ ਸਾਰਾ ਇਤਿਹਾਸ ਪੂਰਨ ਤੌਰ ‘ਤੇ ਜਾਣਨ ਲਈ ਜੋ ਸੇਵਾਵਾਂ ਚਲਾਈਆਂ ਜਾ ਰਹੀਆਂ ਹਨ ਉਹ ਆਪਣੇ ਆਪ ਵਿਚ ਸੇਵਾ ਦੀ ਵਿਲੱਖਣ ਮਿਸਾਲ ਹਨ ।

## ਰਛਪਾਲ ਸਹੋਤਾ ਦੇ ਨਾਵਲ ‘ਆਪੇ ਦੀ ਭਾਲ਼’ ਦਾ ਲੋਕ ਅਰਪਣ ਤੇ ਵਿਚਾਰ ਚਰਚਾ 21 ਜੁਲਾਈ ਨੂੰ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 14 ਜੁਲਾਈ : ਵੈਨਕੂਵਰ ਵਿਚਾਰ ਮੰਚ ਅਤੇ ਗ਼ਜ਼ਲ ਮੰਚ ਸਰੀ ਵੱਲੋਂ ਅਮਰੀਕਾ ਵਸਦੇ ਪੰਜਾਬੀ ਲੇਖਕ ਰਛਪਾਲ ਸਹੋਤਾ ਦੇ ਨਵ-ਪ੍ਰਕਾਸ਼ਿਤ ਨਾਵਲ ‘ਆਪੇ ਦੀ ਭਾਲ਼’ ਨੂੰ ਲੋਕ ਅਰਪਣ ਕਰਨ ਅਤੇ ਇਸ ਉੱਪਰ ਵਿਚਾਰ ਚਰਚਾ ਕਰਨ ਲਈ 21 ਜੁਲਾਈ 2024 ਨੂੰ ਸਰੀ ਵਿਖੇ ਸਾਹਿਤਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਜਰਨੈਲ ਆਰਟ ਗੈਲਰੀ ਅਤੇ ਗੁਰਦੀਪ ਆਰਟਸ ਅਕੈਡਮੀ (106-12882 85 ਐਵੀਨਿਊ) ਸਰੀ ਵਿਖੇ ਦੁਪਹਿਰ ਇਕ ਵਜੇ ਹੋਵੇਗਾ ਜਿਸ ਵਿਚ ਉੱਘੇ ਵਿਦਵਾਨ ਇਸ ਨਾਵਲ ਉੱਪਰ ਚਰਚਾ ਕਰਨਗੇ। ਸਮਾਗਮ ਵਿਚ ਸ਼ਾਮਲ ਹੋਣ ਲਈ ਸਮੂਹ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਨੂੰ ਖੁੱਲ੍ਹਾ ਸੱਦਾ ਹੈ




## ਵਿਅੰਗ ਲੇਖਕ ਗੁਰਮੇਲ ਬਦੇਸ਼ਾ ਸਦੀਵੀ ਵਿਛੋੜਾ ਦੇ ਗਏ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 14 ਜੁਲਾਈ : ਸਰੀ ਦੇ ਵਸਨੀਕ ਵਿਅੰਗ ਲੇਖਕ ਗੁਰਮੇਲ ਬਦੇਸ਼ਾ ਬੀਤੇ ਦਿਨ ਸਦੀਵੀ ਵਿਛੋੜਾ ਦੇ ਗਏ। ਉਹ ਪਿਛਲੇ ਕੁਝ ਸਮੇਂ ਬੀਮਾਰ ਸਨ ਅਤੇ ਹਸਪਤਾਲ ਵਿਚ ਜ਼ੇਰ-ਇਲਾਜ ਸਨ। ਉਹ 55 ਸਾਲਾਂ ਦੇ ਸਨ। ਬਹੁਤ ਹੀ ਹੱਸਮੁੱਖ ਅਤੇ ਮਿਲਾਪੜੇ ਸੁਭਾਅ ਦੇ ਮਾਲਕ ਗੁਰਮੇਲ ਬਦੇਸ਼ਾ ਕੇਂਦਰੀ ਪੰਜਾਬੀ ਲੇਖਕ ਸਭਾ (ਉੱਤਰੀ ਅਮਰੀਕਾ) ਦੇ ਮੈਂਬਰ ਸਨ। ਕੇਂਦਰੀ ਪੰਜਾਬੀ ਲੇਖਕ ਸਭਾ, ਵੈਨਕੂਵਰ ਵਿਚਾਰ ਮੰਚ ਅਤੇ ਗ਼ਜ਼ਲ ਮੰਚ ਸਰੀ ਦੇ ਲੇਖਕਾਂ ਨੇ ਗੁਰਮੇਲ ਬਦੇਸ਼ਾ ਦੇ ਸਦੀਵੀ ਵਿਛੋੜੇ ਉੱਪਰ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

## ਛੇਵੀਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਤੇ 21 ਜੁਲਾਈ ਦੀ ਜਲੰਧਰ ਕਨਵੈਨਸ਼ਨ ਦੀ ਤਿਆਰੀ ਸੰਬੰਧੀ ਮੀਟਿੰਗ ਹੋਈ -ਤਰਕਸ਼ੀਲ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ

ਸੰਗਰੂਰ 14 ਜੁਲਾਈ : ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਮੀਟਿੰਗ ਸੰਗਰੂਰ ਵਿਖੇ ਇਕਾਈ ਮੁਖੀ ਸੁਰਿੰਦਰ ਪਾਲ ਉਪਲੀ ਤੇ ਜੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨਾਲ ਸਾਂਝੀ ਕਰਦਿਆਂ ਤਰਕਸ਼ੀਲ ਆਗੂ ਸੀਤਾ ਰਾਮ ਬਾਲਦ ਕਲਾਂ, ਕ੍ਰਿਸ਼ਨ ਸਿੰਘ ਦੁੱਗਾਂ ਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਦਿਨੀਂ ਤਿੰਨ ਫੌਜਦਾਰੀ ਕਾਲੇ ਕਨੂੰਨਾਂ ਦੀਆਂ ਸੰਬੰਧੀ ਹੋਏ ਪ੍ਰਦਰਸ਼ਨਾਂ ਤੇ ਤਸੱਲੀ ਪ੍ਰਗਟ ਕੀਤੀ ਗਈ, ਸਾਰੀਆਂ ਭਰਾਤਰੀ ਜਥੇਬੰਦੀਆਂ ਦੇ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ 21 ਜੁਲਾਈ ਨੂੰ ਇਹਨਾਂ ਤਿੰਨ ਕਾਲੇ ਕਾਨੂੰਨਾਂ ਖਿਲਾਫ਼ ਤੇ 14 ਸਾਲਾਂ ਬਾਅਦ ਦਿੱਲੀ ਦੇ ਉਪ ਰਾਜਪਾਲ ਵੱਲੋਂ ਅਗਾਂਹ ਵਧੂ ਲੇਖਕ ਤੇ ਚਿੰਤਕ ਅਰੁੰਧਤੀ ਰਾਏ ਤੇ ਪ੍ਰੋਫੈਸਰ ਸ਼ੇਖ਼ ਸ਼ੋਕਤ ਹੂਸੈਨ ਤੇ ਯੂਏਪੀਏ ਤਹਿਤ ਕੇਸ ਚਲਾਉਣ ਦੀ ਇਜਾਜ਼ਤ ਦੇਣ ਦੇ ਰੋਸ ਵਜੋ ਜਲੰਧਰ ਵਿਖੇ ਹੋ ਰਹੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਵਿੱਚ ਸਾਰਿਆਂ ਵੱਲੋਂ ਸ਼ਮੂਲੀਅਤ ਕਰਨ ਦਾ ਫੈਸਲਾ ਹੋਇਆ। ਭਰਾਤਰੀ ਜਥੇਬੰਦੀਆਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੀ ਅਪੀਲ



ਕੀਤੀ ਗਈ।ਮੀਟਿੰਗ ਵਿੱਚ ਛੇਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਵਿੱਚ ਵਿਦਿਆਰਥੀਆਂ ਦੀ ਪੁਰਾਣੀ ਗਿਣਤੀ ਨੂੰ ਬਰਕਰਾਰ ਰੱਖਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਦੱਸਿਆ ਗਿਆ ਕਿ ਪ੍ਰੀਖਿਆ ਦੀ ਸਿਲੇਬਸ ਕਿਤਾਬਾਂ ਇੱਕ ਅਗੱਸਤ ਨੂੰ ਆ ਜਾਣਗੀਆਂ

ਪ੍ਰੀਖਿਆ ਦੀ ਮਿਤੀ ਕਿਤਾਬਾਂ ਆਉਣ ਤੋਂ ਬਾਅਦ ਤਹਿ ਕੀਤੀ ਜਾਵੇਗੀ । ਜੋਨ ਦੀ ਪਰੀਵਾਰਿਕ ਮਿਲਣੀ ਵਿੱਚ ਸ਼ਮੂਲੀਅਤ ਕਰਨ ਲਈ ਵੀ ਚਰਚਾ ਕੀਤੀ ਗਈ ਤੇ ਪੱਕੀ ਗਿਣਤੀ ਅਗਲੀ ਮੀਟਿੰਗ ਵਿੱਚ ਤਹਿ ਕੀਤੀ ਜਾਵੇਗੀ।ਇਸ ਤੋਂ ਇਲਾਵਾ ਤਰਕਸ਼ੀਲ ਮੈਗਜ਼ੀਨ ਅੰਕ ਜੁਲਾਈ -ਅਗਸਤ ਦੀ ਵੰਡ ਕੀਤੀ ਗਈ । ਮੀਟਿੰਗ ਵਿੱਚ ਸੂਬਾ ਕਮੇਟੀ ਦੇ ਫ਼ੈਸਲੇ ਅਨੁਸਾਰ ਘੱਟੋ ਘੱਟ ਇੱਕ ਸਕੂਲ ਦੀ ਪੱਕੇ ਤੌਰ ਤੇ ਚੋਣ ਕੀਤੀ ਜਾਵੇਗੀ, ਜਿਥੇ ਇਕਾਈ ਵੱਲੋਂ ਹਰ ਵਿਸ਼ੇਸ਼ ਦਿਨ ਉਥੇ ਮਨਾਇਆ ਜਾਵੇਗਾ। ਮੀਟਿੰਗ ਵਿੱਚ ਪਲੇਠੇ ਵਿਦਿਆਰਥੀ ਵਿਗਿਆਨਕ ਚੇਤਨਾ ਕੈਂਪ ਦਾ ਰੀਵਿਊ ਕੀਤਾ ਗਿਆ ਤੇ ਕੈਂਪ ਨੂੰ ਅਤੀ ਲਾਭਦਾਇਕ ਮਹਿਸੂਸ ਕੀਤਾ ਗਿਆ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਗੁਰਦੀਪ ਸਿੰਘ , ਪ੍ਰਗਟ ਸਿੰਘ, ਸੁਖਦੇਵ ਸਿੰਘ ਕਿਸ਼ਨਗੜ੍ਹ,ਮਾਸਟਰ ਰਣਜੀਤ ਸਿੰਘ, ਪ੍ਰਹਿਲਾਦ ਸਿੰਘ, ਕ੍ਰਿਸ਼ਨ ਸਿੰਘ, ਹੇਮ ਰਾਜ ਮੂਨਕ ਨੇ ਸ਼ਮੂਲੀਅਤ ਕੀਤੀ।

## ਕਾਂਗਰਸੀ ਆਗੂ ਰਾਣਾ ਗੁਰਜੀਤ ਸਿੰਘ ਸਰੀ ‘ਚ ਮਿਨਹਾਸ ਪਰਿਵਾਰ ਦੇ ਵਿਆਹ ਸਮਾਗਮ ‘ਚ ਸ਼ਾਮਲ ਹੋਏ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 14 ਜੁਲਾਈ : ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਰਾਣਾ ਗੁਰਜੀਤ ਸਿੰਘ ਬੀਤੇ ਦਿਨੀਂ ਸਰੀ ਵਿਖੇ ਆਏ ਅਤੇ ਉਨ੍ਹਾਂ ਬੀ.ਸੀ. ਦੀ ਨਾਮਵਰ ਸ਼ਖ਼ਸੀਅਤ ਜਤਿੰਦਰ ਜੇ ਮਿਨਹਾਸ ਦੇ ਭਤੀਜੇ ਅਤੇ ਕੁਲਜੀਤ ਮਿਨਹਾਸ ਦੇ ਬੇਟੇ ਮਨਰਾਜ ਮਿਨਹਾਸ ਦੀ ਪ੍ਰੀ-ਵੈਡਿੰਗ ਪਾਰਟੀ ਵਿਚ ਸ਼ਾਮਲ ਹੋ ਕੇ ਮਿਨਹਾਸ ਪਰਿਵਾਰ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਜੇ ਮਿਨਹਾਸ ਨਾਲ ਆਪਣੀ



ਗੂੜ੍ਹੀ ਮਿੱਤਰਤਾ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾਂ ਦੇ ਨਾਲ ਉਨ੍ਹਾਂ ਦਾ ਬੇਟਾ ਰਾਣਾ ਇੰਦਰ ਪ੍ਰਤਾਪ ਸਿੰਘ (ਐਮ.ਐਲ.ਏ.), ਲਾਡੀ ਸ਼ੇਰੋਵਾਲੀ (ਐਮ.ਐਲ.ਏ.) ਅਤੇ ਹੋਰ ਮਹਿਮਾਨ ਵੀ ਇਸ ਖੁਸ਼ੀ ਵਿਚ ਸ਼ਾਮਲ ਹੋਏ।

## ਗ਼ਜ਼ਲ ਮੰਚ ਸਰੀ ਵੱਲੋਂ ਜੀ.ਐਸ. ਪੀਟਰ ਅਤੇ ਗੁਰਦੀਪ ਲੋਪੋਂ ਨਾਲ ਵਿਸ਼ੇਸ਼ ਬੈਠਕ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 14 ਜੁਲਾਈ : ਗ਼ਜ਼ਲ ਮੰਚ ਸਰੀ ਵੱਲੋਂ ਬੀਤੇ ਦਿਨੀਂ ਪੰਜਾਬ ਤੋਂ ਆਏ ਗਾਇਕ ਜੀ.ਐਸ. ਪੀਟਰ ਅਤੇ ਸ਼ਾਇਰ ਗੁਰਦੀਪ ਲੋਪੋਂ ਨਾਲ ਵਿਸ਼ੇਸ਼ ਮਹਿਫ਼ਿਲ ਰਚਾਈ ਗਈ। ਮੰਚ ਵੱਲੋਂ ਜਨਰਲ ਸਕੱਤਰ ਦਵਿੰਦਰ ਗੌਤਮ ਨੇ ਦੋਹਾਂ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਅਤੇ ਦੋਹਾਂ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ।

ਮੀਟਿੰਗ ਦੌਰਾਨ ਗਾਇਕ ਜੀ. ਐਸ. ਪੀਟਰ ਨੇ ਮਰਹੂਮ ਸ਼ਾਇਰ ਸੁਰਜੀਤ ਪਾਤਰ ਨਾਲ ਜਗਰਾਓਂ ਵਿਖੇ ਆਖਰੀ ਮਹਿਫ਼ਿਲ ਵਿਚ ਹੋਈ ਗੱਲਬਾਤ ਸਾਂਝੀ ਕੀਤੀ ਅਤੇ ਪਾਤਰ ਸਾਹਿਬ ਨਾਲ ਆਪਣੀਆਂ ਯਾਦਾਂ ਤਾਜ਼ਾ ਕੀਤੀਆਂ। ਜੀ.ਐਸ. ਪੀਟਰ ਨੇ ਆਪਣੇ ਸਾਹਿਤਕ ਅਤੇ ਗਾਇਕੀ ਦੀ ਸਫਰ ਬਾਰੇ ਦੱਸਿਆ ਅਤੇ ਸੁਰਜੀਤ ਪਾਤਰ ਦੀਆਂ ਕੁਝ



ਗ਼ਜ਼ਲਾਂ ਤਰੰਨੁਮ ਵਿਚ ਪੇਸ਼ ਕੀਤੀਆਂ।

ਸ਼ਾਇਰ ਗੁਰਦੀਪ ਲੋਪੋਂ ਨੇ ਆਪਣੇ ਸਾਹਿਤਕ ਸਫਰ ਬਾਰੇ ਜਾਣਕਾਰੀ ਦਿੱਤੀ ਅਤੇ ਮੋਗੇ ਦੇ ਆਪ ਪਾਸ ਦੀਆਂ ਸਾਹਿਤਕ ਸਰਗਰਮੀਆਂ ਬਾਰੇ ਗੱਲਬਾਤ ਕੀਤੀ। ਉਸ ਨੇ ਗ਼ਜ਼ਲ ਮੰਚ ਸਰੀ ਦੀਆਂ ਸਰਗਰਮੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਆਪਣੀਆਂ ਕੁਝ ਗ਼ਜ਼ਲਾਂ ਸੁਣਾਈਆਂ। ਇਸ ਮੌਕੇ ਉਸ ਦੀ ਛਪ ਰਹੀ ਗ਼ਜ਼ਲ ਪੁਸਤਕ ‘ਖ਼ਤ ਲਿਖੀਂ’ ਦਾ ਸਰਵਰਕ ਰਿਲੀਜ਼ ਕੀਤਾ ਗਿਆ।

ਗ਼ਜ਼ਲ ਮੰਚ ਵੱਲੋਂ ਦੋਹਾਂ ਅਦੀਬਾਂ ਦਾ ਸਨਮਾਨ ਕੀਤਾ ਗਿਆ। ਇਸ ਮਹਿਫ਼ਿਲ ਵਿਚ ਮੰਚ ਦੇ ਪ੍ਰਧਾਨ ਜਸਵਿੰਦਰ, ਰਾਜਵੰਤ ਰਾਜ, ਦਵਿੰਦਰ ਗੌਤਮ, ਕ੍ਰਿਸ਼ਨ ਭਨੋਟ, ਗੁਰਮੀਤ ਸਿੱਧੂ, ਪ੍ਰੀਤ ਮਨਪ੍ਰੀਤ, ਭੁਪਿੰਦਰ ਮੱਲ੍ਹੀ ਅਤੇ ਲਵਪ੍ਰੀਤ ਲੱਕੀ ਸੰਧੂ ਨੇ ਮਹਿਮਾਨ ਸਾਹਿਤਕਾਰਾਂ ਦੀ ਸੰਗਤ ਨੂੰ ਮਾਣਿਆਂ।

## ਪੰਜਾਬ ਦੀਆਂ ਸਮੱਸਿਆਵਾਂ ਅਤੇ ਸੰਭਾਵਨਾਵਾਂ ਵਿਸ਼ੇ ਤੇ ਬੁੱਧੀਜੀਵੀ ਜਲੰਧਰ ਚ ਮਿਲੇ

ਵਰਲਡ ਪੰਜਾਬੀ ਟਾਈਮਜ਼

ਜਲੰਧਰ, 14 ਜੁਲਾਈ : ਪੰਜਾਬ ਚੇਤਨਾ ਮੰਚ ਵਲੋਂ ਸੱਦੀ ਗਈ ਪੰਜਾਬ ਦੇ ਬੁੱਧੀਜੀਵੀਆਂ, ਲੇਖਕਾਂ ਦੀ ਮੀਟਿੰਗ ਵਿਚ ਪੰਜਾਬ ਸਮੱਸਿਆਵਾਂ ਅਤੇ ਸੰਭਾਵਨਾਵਾਂ ਦੇ ਸੰਬੰਧ ਵਿਚ ਬੋਲਦਿਆਂ ਉਘੇ ਵਿਦਵਾਨ ਡਾ: ਰਣਜੀਤ ਸਿੰਘ ਘੁੰਮਣ ਨੇ ਕਿਹਾ ਕਿ ਪੰਜਾਬ ਦੇ ਬੁੱਧੀਜੀਵੀਆਂ ਨੂੰ ਇਕੱਠੇ ਹੋ ਕੇ ਵਿਚਾਰਾਂ ਦੀ ਸਾਂਝ ਪਾਉਣ ਦੇ ਨਾਲ ਨਾਲ ਸਾਰਥਿਕ ਸਾਂਝੇ ਜਨਤਕ ਯਤਨਾਂ ਦੀ ਵੀ ਲੋੜ ਹੈ। ਉਹਨਾਂ ਕਿਹਾ ਕਿ ਪੰਜਾਬ ਚੇਤਨਾ ਮੰਚ ਮੌਜੂਦਾ ਦੌਰ ਵਿਚ ਆਪਣੀ ਵਿਸ਼ੇਸ਼ ਭੂਮਿਕਾ ਨਿਭਾ ਸਕਦਾ ਹੈ ਅਤੇ ਸੂਬੇ ਦੇ ਲੋਕਾਂ ਦੇ ਪੱਥ ਪ੍ਰਦਰਸ਼ਕ ਵਜੋਂ ਕੰਮ ਕਰ ਸਕਦਾ ਹੈ। ਉਹਨਾਂ ਕਿਹਾ ਕਿ ਸੂਬੇ ਵਿਚ ਸਿਆਸਤਦਾਨਾਂ ਅਤੇ ਅਫ਼ਸਰਸ਼ਾਹੀ ਨੇ ਜੋ ਨਕਾਰਾਤਮਕ ਸੋਚ ਪੈਦਾ ਕੀਤੀ ਹੋਈ ਹੈ ਉਸ ਨੂੰ ਬਦਲਣ ਦੀ ਲੋੜ ਹੈ। ਉਹਨਾਂ ਨੇ ਪੰਜਾਬ ਦੀ ਖੇਤੀ, ਪਾਣੀ, ਪ੍ਰਵਾਸ ਅਤੇ ਬੇਰੁਜ਼ਗਾਰੀ ਦੇ ਮੁੱਦਿਆਂ ਵੱਲ ਧਿਆਨ ਦਿਵਾਇਆ ਅਤੇ ਪੱਛਮੀ ਪੰਜਾਬ ਨਾਲ ਵਪਾਰ ਵਾਸਤੇ ਵਾਹਗਾ ਬਾਰਡਰ ਖੋਲ੍ਹਣ ਦੀ ਹਿਮਾਇਤ ਕੀਤੀ।

ਇਸ ਤੋਂ ਪਹਿਲਾਂ ਸਤਨਾਮ ਸਿੰਘ ਮਾਣਕ ਨੇ ਪੰਜਾਬ ਚੇਤਨਾ ਮੰਚ ਦੇ ਉਦੇਸ਼ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਸਰੋਕਾਰਾਂ ਅਤੇ ਦੇਸ਼ ਵਿਚ ਜਮਹੂਰੀਅਤ, ਸਰਬ ਧਰਮ ਸਨਮਾਨ ਅਤੇ ਸੰਘੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਮੰਚ ਲੋਕਾਂ ਨੂੰ ਜਾਗਰੂਕ ਕਰੇਗਾ।




ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਡਾ: ਲਖਵਿੰਦਰ ਸਿੰਘ ਜੌਹਲ ਨੇ ਕਿਹਾ ਕਿ ਪੰਜਾਬ ਚੇਤਨਾ ਮੰਚ ਪੰਜਾਬ ਨੂੰ ਦਰਪੇਸ਼ ਸਮੱਸਿਆਵਾਂ ਦੀ ਨਿਸ਼ਾਨਦੇਹੀ ਕਰਕੇ, ਜਿਥੇ ਮੰਚ ਅਕਾਦਮਿਕ ਤੌਰ ਤੇ ਕੰਮ ਕਰੇਗਾ, ਉਥੇ ਇਹ ਆਪਣੀਆਂ ਸਰਗਰਮੀਆਂ ਵਧਾ ਕੇ ਇੱਕ ਦਬਾਓ ਗਰੁੱਪ ਵਜੋਂ ਵੀ ਭੂਮਿਕਾ ਨਿਭਾਇਗਾ। ਉਹਨਾਂ ਨੇ ਬੁੱਧੀਜੀਵੀਆਂ ਨੂੰ ਪੰਜਾਬ ਦੀਆਂ ਸਮੱਸਿਆਵਾਂ ਬਾਰੇ ਲਿਖਣ ਅਤੇ ਪੰਜਾਬੀ ਵਸੇਵੇ ਨੂੰ ਦਰਪੇਸ਼ ਚੁਣੌਤੀਆਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਦਾ ਸੱਦਾ ਦਿੱਤਾ।

ਪ੍ਰਸਿੱਧ ਅਰਥ ਸ਼ਾਸਤਰੀ ਸੁੱਚਾ ਸਿੰਘ ਗਿੱਲ ਨੇ ਕਿਹਾ ਕਿ ਯੂਨੀਵਰਸਿਟੀਆਂ ਦੀ ਬੁੱਧੀਮਤਾ ਨੂੰ ਸਿਉਂਕ ਖਾ ਰਹੀ ਹੈ ਅਤੇ ਬੁੱਧੀਜੀਵੀਆਂ ਦੀ ਸੋਚ ਨਿਘਾਰ ਵੱਲ ਜਾ ਰਹੀ ਹੈ। ਉਂਜ ਉਹਨਾਂ ਨੇ ਤਸੱਲੀ ਪ੍ਰਗਟ ਕੀਤੀ ਕਿ ਪੰਜਾਬ ਦਾ ਬੁੱਧੀਜੀਵੀ ਵਰਗ ਗੁਆਂਢੀ ਸੂਬੇ ਹਰਿਆਣਾ, ਹਿਮਾਚਲ, ਜੰਮੂ ਕਸ਼ਮੀਰ ਨਾਲੋਂ ਅਜੇ ਵੀ ਜ਼ਿਆਦਾ ਸੁਚੇਤ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਦੇ ਬਰਸਾਤੀ ਪਾਣੀ ਨੂੰ ਸੰਭਾਲਣ ਦੀ ਅਤਿਅੰਤ ਲੋੜ ਹੈ ਤਾਂ ਕਿ ਧਰਤੀ ਹੇਠੋਂ ਪਾਣੀ ਬਿਲਕੁਲ ਹੀ ਖਤਮ ਨਾ ਹੋ ਜਾਵੇ।

ਉਹਨਾਂ ਨੇ ਕਿਹਾ ਕਿ ਸੂਬੇ ਵਿਚ ਚੱਲ ਰਹੀਆਂ ਹੋਰ ਜਮਹੂਰੀ ਸੰਸਥਾਵਾਂ ਦੇ ਨਾਲ ਸੰਪਰਕ ਕਰਕੇ ਇਸ ਜੱਥੇਬੰਦੀ ਨੂੰ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ। ਉਹਨਾਂ ਨੇ ਚਿੰਤਾ ਪ੍ਰਗਟ ਕੀਤੀ ਕਿ ਭਵਿੱਖ ਵਿਚ ਪੰਜਾਬ ਲਈ ਚਿੰਤਨ ਕਰਨ ਵਾਲਿਆਂ ਦੀ ਵੀ ਘਾਟ ਹੋ ਜਾਵੇਗੀ।

ਇਸ ਮੀਟਿੰਗ ਵਿਚ ਡਾ: ਰੌਣਕੀ ਰਾਮ, ਕਾਹਨ ਸਿੰਘ ਪੰਨੂੰ, ਡਾ: ਸੁਖਦੇਵ ਸਿੰਘ ਪੀ ਏ ਯੂ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਪ੍ਰਿੰ: ਗੁਰਮੀਤ ਸਿੰਘ ਪਲਾਹੀ, ਗੁਰਪ੍ਰੀਤ ਸਿੰਘ ਤੂਰ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਲੋਕ ਮੰਚ ਪੰਜਾਬ ਦੇ ਜਨਰਲ ਸਕੱਤਰ ਦੀਪਕ ਸ਼ਰਮਾ ਚਨਾਰਥਲ, ਐਡਵੋਕੇਟ ਐੱਸ.ਐੱਲ. ਵਿਰਦੀ, ਰਮਨਪ੍ਰੀਤ ਕੌਰ, ਅਮਨਦੀਪ ਸਿੰਘ ਬਰਾੜ, ਡਾ: ਬਿਕਰਮ ਸਿੰਘ ਵਿਰਕ, ਡਾਕਟਰ ਰਘਬੀਰ ਕੌਰ, ਮੱਖਣ ਸਿੰਘ ਕੋਹਾੜ, ਐਸ.ਪੀ. ਐਸ. ਬਰਾੜ, ਗਿਆਨ ਸਿੰਘ ਮੋਗਾ ਨੇ ਵੀ ਵਿਚਾਰ ਪੇਸ਼ ਕੀਤੇ। ਮੀਟਿੰਗ ਵਿਚ ਵੱਖੋ-ਵੱਖਰੇ ਥਾਵਾਂ ‘ਤੇ ਜਾ ਕੇ ਸੈਮੀਨਾਰ ਕਰਨ, ਮੰਚ ਦੀਆਂ ਸਰਗਰਮੀਆਂ ਪਿੰਡਾਂ ਤੱਕ ਵਧਾਉਣ, ਹੋਰ ਜੱਥੇਬੰਦੀਆਂ ਨਾਲ ਰਲਕੇ ਸਮਾਗਮ ਕਰਨ ਅਤੇ ਸਲਾਨਾ ਸਮਾਗਮ ਕਰਨ ਦੀ ਸੰਬੰਧੀ ਵੀ ਸਹਿਮਤੀ ਬਣੀ।

ਮੀਟਿੰਗ ਵਿਚ ਇਹ ਤਜ਼ਵੀਜ ਵੀ ਪਾਸ ਕੀਤੀ ਗਈ ਕਿ ਪਹਿਲੀ ਨਵੰਬਰ ਨੂੰ ਪੰਜਾਬ ਦੀਆਂ ਸਮੱਸਿਆਵਾਂ ਸੰਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਲੇਖਕਾਂ, ਬੁੱਧੀਜੀਵੀਆਂ, ਚਿੰਤਕਾਂ ਤੋਂ ਰਚਨਾਵਾਂ ਲਿਖਵਾ ਕੇ ਇਕ ਪੁਸਤਕ ਛਾਪ ਕੇ ਲੋਕ ਅਰਪਿਤ ਕੀਤੀ ਜਾਵੇ।

ਮੀਟਿੰਗ ਵਿਚ ਹੋਰਨਾਂ ਤੋਂ ਬਿਨਾਂ ਰਵਿੰਦਰ ਚੋਟ,ਲੋਕ ਮੰਚ ਪੰਜਾਬ ਦੇ ਪ੍ਰਧਾਨ ਸੁਰਿੰਦਰ ਸਿੰਘ ਸੁੰਨੜ, ਗੁਰਚਰਨ ਨੂਰਪੁਰ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਅਟਵਾਲ, ਰਕੇਸ਼ ਸ਼ਾਂਤੀਦੂਤ , ਇੰਦਰਜੀਤ ਸਿੰਘ ਚਿੱਤਰਕਾਰ ਆਦਿ ਵੀ ਸ਼ਾਮਲ ਹੋਏ।